ਰਾਗੁ ਰਾਮਕਲੀ ਮਹਲਾ ੫ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਕਿਰਪਾ ਕਰਹੁ ਦੀਨ ਕੇ ਦਾਤੇ ਮੇਰਾ ਗੁਣੁ ਅਵਗਣੁ ਨ ਬੀਚਾਰਹੁ ਕੋਈ ॥ ਮਾਟੀ ਕਾ ਕਿਆ ਧੋਪੈ ਸੁਆਮੀ ਮਾਣਸ ਕੀ ਗਤਿ ਏਹੀ ॥੧॥ ਮੇਰੇ ਮਨ ਸਤਿਗੁਰੁ ਸੇਵਿ ਸੁਖੁ ਹੋਈ ॥ ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਦੂਖੁ ਨ ਵਿਆਪੈ ਕੋਈ ॥੧॥ ਰਹਾਉ ॥ ਕਾਚੇ ਭਾਡੇ ਸਾਜਿ ਨਿਵਾਜੇ ਅੰਤਰਿ ਜੋਤਿ ਸਮਾਈ ॥ ਜੈਸਾ ਲਿਖਤੁ ਲਿਖਿਆ ਧੁਰਿ ਕਰਤੈ ਹਮ ਤੈਸੀ ਕਿਰਤਿ ਕਮਾਈ ॥੨॥ ਮਨੁ ਤਨੁ ਥਾਪਿ ਕੀਆ ਸਭੁ ਅਪਨਾ ਏਹੋ ਆਵਣ ਜਾਣਾ ॥ ਜਿਨਿ ਦੀਆ ਸੋ ਚਿਤਿ ਨ ਆਵੈ ਮੋਹਿ ਅੰਧੁ ਲਪਟਾਣਾ ॥੩॥ ਜਿਨਿ ਕੀਆ ਸੋਈ ਪ੍ਰਭੁ ਜਾਣੈ ਹਰਿ ਕਾ ਮਹਲੁ ਅਪਾਰਾ ॥ ਭਗਤਿ ਕਰੀ ਹਰਿ ਕੇ ਗੁਣ ਗਾਵਾ ਨਾਨਕ ਦਾਸੁ ਤੁਮਾਰਾ ॥੪॥੧॥ {ਪੰਨਾ 882}

ਪਦਅਰਥ:- ਦੀਨ—ਗ਼ਰੀਬ, ਕੰਗਾਲ। ਦਾਤੇ—ਹੇ ਦਾਤਾਂ ਦੇਣ ਵਾਲੇ! ਕਿਆ ਧੋਪੈ—ਕੀਹ ਧੁਪ ਸਕਦਾ ਹੈ? (ਮਿੱਟੀ ਦਾ ਮੈਲਾ-ਪਨ) ਕਦੇ ਨਹੀਂ ਧੁਪ ਸਕਦਾ। ਸੁਆਮੀ—ਹੇ ਮਾਲਕ! ਗਤਿ—ਹਾਲਤ, ਦਸ਼ਾ।1।

ਮਨ—ਹੇ ਮਨ! ਸੇਵਿ—ਸਰਨ ਪਿਆ ਰਹੁ। ਇਛਹੁ—ਮੰਗੇਂਗਾ। ਨ ਵਿਆਪੈ—ਜ਼ੋਰ ਨਹੀਂ ਪਾ ਸਕਦਾ।1। ਰਹਾਉ।

ਕਾਚੇ ਭਾਂਡੇ—ਨਾਸਵੰਤ ਸਰੀਰ। ਸਾਜਿ—ਬਣਾ ਕੇ। ਨਿਵਾਜੇ—ਵਡਿਆਈ ਦਿੱਤੀ ਹੈ। ਸਮਾਈ—ਟਿਕੀ ਹੋਈ ਹੈ। ਲਿਖਤੁ—ਲੇਖ। ਧੁਰਿ—ਧੁਰ ਦਰਗਾਹ ਤੋਂ। ਕਰਤੈ—ਕਰਤਾਰ ਨੇ। ਕਿਰਤਿ—ਕਾਰ।2।

ਥਾਪਿ ਕੀਆ—ਮਿਥ ਲਿਆ, ਸਮਝ ਲਿਆ। ਏਹੋ—ਇਹ ਮਿਥ ਹੀ, ਇਹ ਅਪਣੱਤ ਹੀ। ਜਿਨਿ—ਜਿਸ (ਪਰਮਾਤਮਾ) ਨੇ। ਚਿਤਿ—ਚਿੱਤ ਵਿਚ। ਮੋਹ—(ਇਸ ਜਿੰਦ ਤੇ ਸਰੀਰ ਦੇ) ਮੋਹ ਵਿਚ। ਮਨੁ—ਜਿੰਦ। ਅੰਧੁ—ਅੰਨ੍ਹਾ ਮਨੁੱਖ।3।

ਜਿਨਿ—ਜਿਸ (ਪ੍ਰਭੂ) ਨੇ। ਸੋਈ—ਉਹ (ਪ੍ਰਭੂ) ਹੀ। ਮਹਲੁ—ਟਿਕਾਣਾ, ਉੱਚਾ ਆਸਣ। ਅਪਾਰਾ—ਬੇਅੰਤ, ਜਿਸ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਕਰੀ—ਕਰੀਂ, ਮੈਂ ਕਰਾਂ। ਗਾਵਾ—ਗਾਵਾਂ, ਮੈਂ ਗਾਂਦਾ ਰਹਾਂ।4।

ਅਰਥ:- ਹੇ ਮੇਰੇ ਮਨ! ਗੁਰੂ ਦੀ ਸਰਨ ਪਿਆ ਰਹੁ (ਗੁਰੂ ਦੇ ਦਰ ਤੇ ਰਿਹਾਂ ਹੀ) ਆਨੰਦ ਮਿਲਦਾ ਹੈ। (ਗੁਰੂ ਦੇ ਦਰ ਤੇ ਰਹਿ ਕੇ) ਜੇਹੜੀ ਕਾਮਨਾ ਚਿਤਵੇਂਗਾ, ਉਹੀ ਫਲ ਹਾਸਲ ਕਰ ਲਏਂਗਾ। (ਇਸ

ਤਰ੍ਹਾਂ) ਕੋਈ ਦੁੱਖ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ।1। ਰਹਾਉ।

ਹੇ ਗ਼ਰੀਬਾਂ ਉਤੇ ਬਖ਼ਸ਼ਸ਼ਾਂ ਕਰਨ ਵਾਲੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੇਰਾ ਕੋਈ ਗੁਣ ਨਾਹ ਵਿਚਾਰੀਂ, ਮੇਰਾ ਕੋਈ ਔਗੁਣ ਨਾਹ ਵਿਚਾਰੀਂ (ਮੇਰੇ ਅੰਦਰ ਤਾਂ ਔਗੁਣ ਹੀ ਔਗੁਣ ਹਨ)। (ਜਿਵੇਂ ਪਾਣੀ ਨਾਲ ਧੋਤਿਆਂ) ਮਿੱਟੀ ਦਾ ਮੈਲਾ-ਪਨ ਕਦੇ ਧੁਪ ਨਹੀਂ ਸਕਦਾ, ਹੇ ਮਾਲਕ-ਪ੍ਰਭੂ! ਅਸਾਂ ਜੀਵਾਂ ਦੀ ਭੀ ਇਹੀ ਹਾਲਤ ਹੈ।1।

ਹੇ ਭਾਈ! (ਸਾਡੇ ਇਹ) ਨਾਸਵੰਤ ਸਰੀਰ ਬਣਾ ਕੇ (ਪਰਮਾਤਮਾ ਨੇ ਹੀ ਇਹਨਾਂ ਨੂੰ) ਵਡਿਆਈ ਦਿੱਤੀ ਹੋਈ ਹੈ (ਕਿਉਂਕਿ ਇਹਨਾਂ ਨਾਸਵੰਤ ਸਰੀਰਾਂ ਦੇ) ਅੰਦਰ ਉਸ ਦੀ ਜੋਤ ਟਿਕੀ ਹੋਈ ਹੈ। ਹੇ ਭਾਈ! (ਸਾਡੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਧੁਰ ਦਰਗਾਹ ਤੋਂ ਜਿਹੋ ਜਿਹਾ (ਸੰਸਕਾਰਾਂ ਦਾ) ਲੇਖ (ਸਾਡੇ ਅੰਦਰ) ਲਿਖ ਦਿੱਤਾ ਹੈ, ਅਸੀਂ ਜੀਵ (ਹੁਣ ਭੀ) ਉਹੋ ਜਿਹੇ ਕਰਮਾਂ ਦੀ ਕਮਾਈ ਕਰੀ ਜਾਂਦੇ ਹਾਂ।2।

ਹੇ ਭਾਈ! ਮਨੁੱਖ ਇਸ ਜਿੰਦ ਨੂੰ ਇਸ ਸਰੀਰ ਨੂੰ ਸਦਾ ਆਪਣਾ ਮਿਥੀ ਰੱਖਦਾ ਹੈ, ਇਹ ਅਪਣੱਤ ਹੀ (ਮਨੁੱਖ ਵਾਸਤੇ) ਜਨਮ ਮਰਨ (ਦੇ ਗੇੜ ਦਾ ਕਾਰਨ ਬਣੀ ਰਹਿੰਦੀ) ਹੈ। ਜਿਸ ਪਰਮਾਤਮਾ ਨੇ ਇਹ ਜਿੰਦ ਦਿੱਤੀ ਹੈ ਇਹ ਸਰੀਰ ਦਿੱਤਾ ਹੈ ਉਹ ਇਸ ਦੇ ਚਿੱਤ ਵਿਚ (ਕਦੇ) ਨਹੀਂ ਵੱਸਦਾ, ਅੰਨ੍ਹਾ ਮਨੁੱਖ (ਜਿੰਦ ਤੇ ਸਰੀਰ ਦੇ) ਮੋਹ ਵਿਚ ਫਸਿਆ ਰਹਿੰਦਾ ਹੈ।3।

ਹੇ ਭਾਈ! ਜਿਸ ਪਰਮਾਤਮਾ ਨੇ (ਇਹ ਖੇਲ) ਬਣਾਇਆ ਹੈ ਉਹੀ (ਇਸ ਨੂੰ ਚਲਾਣਾ) ਜਾਣਦਾ ਹੈ, ਉਸ ਪਰਮਾਤਮਾ ਦਾ ਟਿਕਾਣਾ ਅਪਹੁੰਚ ਹੈ (ਜੀਵ ਉਸ ਪਰਮਾਤਮਾ ਦੀ ਰਜ਼ਾ ਨੂੰ ਸਮਝ ਨਹੀਂ ਸਕਦਾ)। ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਤੇਰਾ ਦਾਸ ਹਾਂ (ਮੇਹਰ ਕਰ) ਮੈਂ ਤੇਰੀ ਭਗਤੀ ਕਰਦਾ ਰਹਾਂ, ਮੈਂ ਤੇਰੇ ਗੁਣ ਗਾਂਦਾ ਰਹਾਂ।4।1।